ਸਲੋਕ ॥

Shalok:

ਦਇਆ ਕਰਣੰ ਦੁਖ ਹਰਣੰ ਉਚਰਣੰ ਨਾਮ ਕੀਰਤਨਹ ॥

The Lord grants His Grace, and dispels the pains of those who sing the Kirtan of the Praises of His Name.

ਹੇ ਨਾਨਕ! ਜੇ ਮਨੁੱਖ ਦਿਆਲ ਸਰਬ-ਵਿਆਪੀ ਭਗਵਾਨ ਦੇ ਨਾਮ ਦੀ ਵਡਿਆਈ ਕਰੇ,

ਦਇਆਲ ਪੁਰਖ ਭਗਵਾਨਹ ਨਾਨਕ ਲਿਪਤ ਨ ਮਾਇਆ ॥੧॥

When the Lord God shows His Kindness, O Nanak, one is no longer engrossed in Maya. ||1||

ਤਾਂ ਪ੍ਰਭੂ ਮੇਹਰ ਕਰਦਾ ਹੈ, ਉਸ ਦੇ ਦੁੱਖਾਂ ਦਾ ਨਾਸ ਕਰਦਾ ਹੈ ਤੇ ਉਹ ਮਨੁੱਖ ਮਾਇਆ ਦੇ ਮੋਹ ਵਿਚ ਨਹੀਂ ਫਸਦਾ ॥੧॥

ਭਾਹਿ ਬਲੰਦੜੀ ਬੁਝਿ ਗਈ ਰਖੰਦੜੋ ਪ੍ਰਭੁ ਆਪਿ ॥

The burning fire has been put out; God Himself has saved me.

ਉਹ ਪ੍ਰਭੂ (ਸਿਮਰਨ ਕੀਤਿਆਂ) ਆਪ ਜੀਵ ਦਾ ਰਾਖਾ ਬਣਦਾ ਹੈ ਤੇ ਉਸ ਦੇ ਅੰਦਰ ਦੀ ਬਲਦੀ (ਤ੍ਰਿਸਨਾ ਦੀ) ਅੱਗ ਬੁੱਝ ਜਾਂਦੀ ਹੈ।

ਜਿਨਿ ਉਪਾਈ ਮੇਦਨੀ ਨਾਨਕ ਸੋ ਪ੍ਰਭੁ ਜਾਪਿ ॥੨॥

Meditate on that God, O Nanak, who created the universe. ||2||

ਹੇ ਨਾਨਕ! ਜਿਸ ਪ੍ਰਭੂ ਨੇ ਸਾਰੀ ਸ੍ਰਿਸ਼ਟੀ ਰਚੀ ਹੈ ਉਸ ਦਾ ਸਿਮਰਨ ਕਰ ॥੨॥

ਪਉੜੀ ॥

Pauree:

ਜਾ ਪ੍ਰਭ ਭਏ ਦਇਆਲ ਨ ਬਿਆਪੈ ਮਾਇਆ ॥

When God becomes merciful, Maya does not cling.

ਜਦੋਂ (ਜੀਵ ਉੱਤੇ) ਪ੍ਰਭੂ ਜੀ ਮੇਹਰਬਾਨ ਹੋਣ ਤਾਂ ਮਾਇਆ ਜ਼ੋਰ ਨਹੀਂ ਪਾ ਸਕਦੀ।

ਕੋਟਿ ਅਘਾ ਗਏ ਨਾਸ ਹਰਿ ਇਕੁ ਧਿਆਇਆ ॥

Millions of sins are eliminated, by meditating on the Naam, the Name of the One Lord.

ਇਕ ਪ੍ਰਭੂ ਨੂੰ ਸਿਮਰਿਆਂ ਕਰੋੜਾਂ ਹੀ ਪਾਪ ਨਾਸ ਹੋ ਜਾਂਦੇ ਹਨ।

ਨਿਰਮਲ ਭਏ ਸਰੀਰ ਜਨ ਧੂਰੀ ਨਾਇਆ ॥

The body is made immaculate and pure, bathing in the dust of the feet of the Lord's humble servants.

ਸਿਮਰਨ ਕਰਨ ਵਾਲੇ ਬੰਦਿਆਂ ਦੀ ਚਰਨ-ਧੂੜ ਵਿਚ ਨ੍ਹਾਤਿਆਂ ਸਰੀਰ ਪਵਿਤ੍ਰ ਹੋ ਜਾਂਦੇ ਹਨ।

ਮਨ ਤਨ ਭਏ ਸੰਤੋਖ ਪੂਰਨ ਪ੍ਰਭੁ ਪਾਇਆ ॥

The mind and body become contented, finding the Perfect Lord God.

(ਸੰਤਾਂ ਦੀ ਸੰਗਤਿ ਵਿਚ) ਪੂਰਨ ਪ੍ਰਭੂ ਮਿਲ ਪੈਂਦਾ ਹੈ ਤੇ ਮਨ ਤੇ ਤਨ ਦੋਹਾਂ ਨੂੰ ਸੰਤੋਖ ਪ੍ਰਾਪਤ ਹੁੰਦਾ ਹੈ।

ਤਰੇ ਕੁਟੰਬ ਸੰਗਿ ਲੋਗ ਕੁਲ ਸਬਾਇਆ ॥੧੮॥

One is saved, along with his family, and all his ancestors. ||18||

ਅਜੇਹੇ ਮਨੁੱਖਾਂ ਦੀ ਸੰਗਤਿ ਵਿਚ ਉਹਨਾਂ ਦੇ ਪਰਵਾਰ ਦੇ ਲੋਕ ਤੇ ਸਾਰੀਆਂ ਕੁਲਾਂ ਤਰ ਜਾਂਦੀਆਂ ਹਨ ॥੧੮॥